ਵੱਲੋ

ਡਾਇਰੈਕਟਰ
ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ,
ਪੰਜਾਬ, ਚੰਡੀਗੜ੍ਹ।

ਸੇਵਾ ਵਿਖੇ

ਰਜਿਸਟਰਾਰ, (ਸੈਕਸਨਿੰਗ ਅਥਾਰਟੀਜ਼)
1. ਪੰਜਾਬ ਤਕਨੀਕੀ ਯੂਨੀਵਰਸਿਟੀ, ਜਲੰਧਰ।
2. ਡਾ: ਬੀ.ਆਰ.ਅੰਬੇਦਕਰ, ਨੈਸ਼ਨਲ ਇਸ: ਆਫ ਟੈਕ: ਜਲੰਧਰ।
3. ਇੰਡੀਅਨ ਇੰਸ: ਆਫ ਟੈਕ: ਰੋਪੜ੍ਹ
4. ਸੰਤ ਲੋਗੋਂਵਾਲ ਇੰਸ: ਆਫ ਇੰਜੀ: ਅਤੇ ਟੈਕ: ਸੰਗਰੂਰ।
5. ਨੈਸ਼ਨਲ ਇੰਸ: ਆਫ ਫਾਰਮੈਸਿਊਟੀਕਲ ਐਜੂਕੇਸ਼ਨ ਐਂਡ ਰਿਸਰਚ, ਮੋਹਾਲੀ।
6. ਥਾਪਰ ਯੂਨੀਵਰਸਿਟੀ, ਪਟਿਆਲਾ।

7-21 ਪ੍ਰਿੰਸੀਪਲ,
ਸਰਕਾਰੀ ਬਹੁਤਕਨੀਕੀ ਕਾਲਜ, ਅੰਮ੍ਰਿਤਸਰ, ਬਠਿੰਡਾ,ਬਟਾਲਾ, ਬਹਿਰਾਮ, ਬਡਬਰ, ਬੇਗੋਵਾਲ, ਬਰੇਟਾ,ਭਿੱਖੀਵਿੰਡ, ਹੁਸ਼ਿਆਰਪੁਰ, ਜੀ.ਟੀ.ਬੀ.ਗੜ੍ਹ, ਫਤੂਹੀਖੇੜਾ, ਰਾਂਣਵਾ, ਖੂਨੀ ਮਾਜਰਾ, ਕੋਟਕਪੂਰਾ, ਫਿਰੋਜ਼ਪੁਰ।

22-27 ਸਰਕਾਰੀ ਬਹੁਤਕਨੀਕੀ ਕਾਲਜ, ਲੜਕੀਆ, ਅੰਮ੍ਰਿਤਸਰ, ਜਲੰਧਰ, ਦੀਨਾਨਗਰ, ਪਟਿਆਲਾ, ਲੁਧਿਆਣਾ ਅਤੇ ਰੋਪੜ੍ਹ।

28. ਪ੍ਰਿੰਸੀਪਲ, ਗੋਰਮਿੰਟ ਇੰਸ: ਆਫ ਟੈਕਸਟਾਈਲ ਕੈਮਿਸਟਰੀ ਅਤੇ ਨਿਟਿੰਗ ਟੈਕ: ਲੁਧਿਆਣਾ

29. ਕੋਆਰਡੀਨੇਟਰ ਸਕਾਲਰਸ਼ਿਪ (ਮੁੱਖ ਦਫਤਰ)

ਮੀਮੋ ਨੰ: 837 /ਵੈਬ ਪੋਰਟਲ ਮਿਤੀ: 03/06/14

ਵਿਸ਼ਾ: ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਸਾਲ 2013-14 ਦਾ ਸਕਾਲਰਸ਼ਿਪ ਦਾ ਲਾਭ ਦੇਣ ਲਈ ਪੋਰਟਲ ਤੇ ਪੈਂਡੇਸੀ ਖਤਮ ਕਰਨ ਸਬੰਧੀ।

ਹਵਾਲਾ: ਇਸ ਦਫ਼ਤਰ ਦਾ ਪੱਤਰ ਨੰ: 182 ਮਿਤੀ 21.03.2014, ਪੱਤਰ ਨੰ: 197 ਮਿਤੀ 28.03.2014 ਅਤੇ ਪੱਤਰ ਨੰ: 227 ਮਿਤੀ 16.04.2014 ਦੇ ਸਬੰਧ ਵਿੱਚ ਉਪਰੋਕਤ ਵਿਸ਼ੇ ਤੇ।

ਹਵਾਲਾ ਅਧੀਨ ਪੱਤਰਾਂ ਨਾਲ ਲਿਸਟ ਨੱਥੀ ਕਰਕੇ ਵਾਰ-2 ਆਪ ਨੂੰ ਕਿਹਾ ਗਿਆ ਸੀ ਕਿ ਆਪਦੇ ਕਾਲਜ ਅਤੇ ਆਪ ਦੇ ਅਧੀਨ ਆਉਂਦੀਆਂ ਸੰਸਥਾਵਾਂ ਦੇ ਸਾਲ 2013-13 ਦੇ ਕੇਸ ਵੈਬ-ਪੋਰਟਲ ਤੇ ਪੈਡਿੰਗ ਸ਼ੋਅ ਹੋ ਰਹੇ ਹਨ। ਇਸ ਲਈ ਆਪਣੀ ਸੰਸਥਾ ਅਤੇ ਆਪ ਦੇ ਅਧੀਨ ਆਉਂਦੀਆਂ ਸੰਸਥਾਵਾਂ ਨਾਲ ਸਬੰਧਤ ਪੈਂਡੇਸੀ ਨੂੰ ਤੁਰੰਤ ਖਤਮ ਕੀਤਾ ਜਾਵੇ। ਇਹ ਪੈਂਡੇਸੀ ਖਤਮ ਕਰਨ ਲਈ ਮਾਨਯੋਗ ਡਾਇਰੈਕਟਰ ਤਕਨੀਕੀ ਸਿੱਖਿਆ ਜੀ ਵੱਲੋਂ ਆਪ ਨੂੰ ਤਿੰਨ (3) ਦਿਨਾਂ ਦਾ ਸਮਾਂ ਦਿੱਤਾ ਗਿਆ ਸੀ। ਪ੍ਰੰਤੂ ਵੈਬ ਪੋਰਟਲ ਚੈੱਕ ਕਰਨ ਤੋਂ ਪਤਾ ਚਲਿਆ ਹੈ ਕਿ ਅਜੇ ਵੀ ਵਿਦਿਆਰਥੀਆਂ ਦੀਆਂ ਲਗਭਗ 38 ਪ੍ਰਤੀਬੇਨਤੀਆਂ ਪੈਡਿੰਗ ਸ਼ੋਅ ਹੋ ਰਹੀਆਂ ਹਨ।ਜਿਸ ਲਈ ਮਾਨਯੋਗ ਡਾਇਰੈਕਟਰ ਤਕਨੀਕੀ ਸਿੱਖਿਆ ਜੀ ਵੱਲੋਂ ਬਹੁਤ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਆਪ ਨੂੰ ਅੰਤਿਮ ਯਾਦ ਪੱਤਰ ਜਾਰੀ ਕਰਦੇ ਹੋਏ ਸੈਂਕਸ਼ਨਿੰਗ ਅਥਾਰਟੀ ਅਤੇ ਸੰਸਥਾਵਾਂ ਦੀ ਪੱਧਰ ਤੇ ਸ਼ੋਅ ਹੋ ਰਹੇ ਪੈਂਡਿੰਗ ਕੇਸਾਂ ਦੀ ਲਿਸਟ ਦੁਬਾਰਾ ਭੇਜੀ ਜਾਂਦੀ ਹੈ ਅਤੇ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਦਰਸਾਈ ਗਈ ਪੈਂਡੇਸੀ ਭਾਵੇਂ ਉਹ ਸੈਕਸ਼ਨਿੰਗ ਅਥਾਰਟੀ ਦੇ ਪੱਧਰ ਤੇ ਹੋਵੇ ਜਾਂ ਅਧੀਨ ਆਉਂਦੀਆਂ ਸੰਸਥਾਵਾਂ ਦੇ ਪੱਧਰ ਤੇ, ਮਿਤੀ 06.06.2014 ਤੱਕ ਹਰ ਹਾਲਤ ਵਿੱਚ ਖਤਮ ਕੀਤੀ ਜਾਵੇ। ਜੇਕਰ ਆਪ ਵੱਲੋਂ ਮਿੱਥੇ ਸਮੇਂ ਵਿੱਚ ਪੈਂਡੇਸੀ ਖਤਮ ਨਹੀਂ ਕੀਤੀ ਜਾਂਦੀ ਤਾਂ ਮਾਮਲਾ ਮਾਨਯੋਗ ਡਾਇਰੈਕਟਰ ਤਕਨੀਕੀ ਸਿੱਖਿਆ ਜੀ ਦੇ ਧਿਆਨ ਵਿੱਚ ਲਿਆ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਜੇਕਰ ਆਪ ਵੱਲੋਂ ਪੈਂਡੇਸੀ ਖਤਮ ਨਾ ਹੋਣ ਕਾਰਨ ਕੋਈ ਵੀ ਯੋਗ ਲਾਭਪਾਤਰੀ ਸਕਾਲਰਸ਼ਿਪ ਦਾ ਲਾਭ ਲੈਣ ਤੋਂ ਵਾਂਝਾ ਰਹਿ ਜਾਂਦਾ ਹੈ ਜਾਂ ਉਸ ਸਬੰਧੀ ਕੋਈ ਕਾਨੂੰਨੀ ਅੜਚਣ ਪੈਦਾ ਹੁਦੀ ਹੈ ਤਾਂ ਉਸ ਦੀ ਸਾਰੀ ਜਿੰਮੇਵਾਰੀ ਆਪ ਦੀ ਹੋਵੇਗੀ।

ਨੱਥੀ/ਉਪਰੋਕਤ ਅਨੁਸਾਰ,

ਵਧੀਕ ਡਾਇਰੈਕਟਰ
ਵਾਸਤੇ ਡਾਇਰੈਕਟਰ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ, ਚੰਡੀਗੜ੍ਹ।

ਪਿੰਠ ਅਕੰਣ ਨੰ: ਵੈਬ ਪੋਰਟਲ/ਸਕਾਲਰਸ਼ਿਪ ਮਿਤੀ:

ਇਸ ਦਾ ਉਤਾਰਾ ਪ੍ਰੋਗਰਾਮਰ (ਮੁੱਖ ਦਫ਼ਤਰ) ਨੂੰ ਵਿਭਾਗ ਦੀ ਵੈਬਸਾਈਟ ਤੇ ਪਾਉਣ ਹਿੱਤ ਭੇਜਿਆ ਜਾਂਦਾ ਹੈ।

ਵਧੀਕ ਡਾਇਰੈਕਟਰ
ਵਾਸਤੇ ਡਾਇਰੈਕਟਰ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ, ਚੰਡੀਗੜ੍ਹ।